**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਸਿੰਘ, (98152-91370)
ਪੁੱਤਰ ਸ਼੍ਰੀ ਤਰਲੋਕ ਸਿੰਘ,
ਪਿੰਡ ਜਲਾਲਪੁਰ, ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। ------ਉੱਤਰਦਾਤਾ

**ਅਪੀਲ ਕੇਸ ਨੰ: 2032 /2019**

**ਹਾਜ਼ਰ:-**

1) ਸ਼੍ਰੀ ਪ੍ਰੇਮ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਖੁਸ਼ਵਿੰਦਰ ਸਿੰਘ, ਪੰਚਾਇਤ ਸਕੱਤਰ (88724-00421) ਅਤੇ ਸ਼੍ਰੀ ਬਲਕਾਰ ਸਿੰਘ, ਸੁਪਰਡੰਟ (9815020040)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-01-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗਰਾਮ ਪੰਚਾਇ, ਪਿੰਡ ਜਲਾਲਪੁਰ, ਬਲਾਕ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀ ਸਾਬਕਾ ਸਰਪੰਚ, ਸ਼੍ਰੀਮਤੀ ਧਨਵੀਰ ਕੌਰ ਦੇ ਕਾਰਜ-ਕਾਲ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਖੁਸ਼ਵਿੰਦਰ ਸਿੰਘ, ਪੰਚਾਇਤ ਸਕੱਤਰ ਨੇ ਪੱਤਰ, ਮਿਤੀ ਨਿੱਲ, ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਵਿਸਥਾਰ-ਪੂਰਵਕ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਨਹੀਂ ਮਿਲੀ। ਹਾਜ਼ਰ ਉੱਤਰਦਾਤਾ ਨੇ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਅਤੇ ਕਿਹਾ ਕਿ ਜੇਕਰ ਉਸ ਨੂੰ ਹੋਰ ਸੂਚਨਾ ਲੋੜੀਂਦੀ ਹੋਵੇ ਤਾਂ ਉਹ ਉਨ੍ਹਾਂ ਦੇ ਦਫ਼ਤਰ ਕਿਸੇ ਕੰਮ ਵਾਲੇ ਦਿਨ ਆ ਲੈ ਸਕਦਾ ਹੈ। ਅਪੀਲਕਰਤਾ ਨੇ ਉੱਤਰਦਾਤਾ ਦੇ ਦਫਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਦਫ਼ਤਰ ਹਾਜ਼ਰ ਹੋਣ ਤੇ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਬਾਕੀ ਰਹਿੰਦੀ ਸੂਚਨਾ ਦੇ ਦਿੱਤੀ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਪਾਲ ਸਿੰਘ ਵਾਲੀਆ, (81466-16666)
ਪੁੱਤਰ ਸ਼੍ਰੀ ਸੁਰਜੀਤ ਸਿੰਘ ਵਾਲੀਆ,
ਕੋਠੀ ਨੰ:175 ਫੇਸ-2, ਮੁਹਾਲੀ ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੇਂਡੂ ਵਿਕਾਸ ਵਿਭਾਗ,
(ਦਫ਼ਤਰ ਸੰਯੁਕਤ ਵਿਕਾਸ ਕਮਿਸ਼ਨਰ, ਪੰਜਾਬ),
ਸੈਕਟਰ-62,ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੇਂਡੂ ਵਿਕਾਸ ਵਿਭਾਗ,
(ਦਫ਼ਤਰ ਸੰਯੁਕਤ ਵਿਕਾਸ ਕਮਿਸ਼ਨਰ, ਪੰਜਾਬ),
ਸੈਕਟਰ-62, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 2036 /2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਪਾਲ ਸਿੰਘ ਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਰਵਿੰਦਰਪਾਲ ਸਿੰਘ, ਨੋਡਲ ਅਫਸਰ (93166-10024)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-01-2019, ਲੋਕ ਸੂਚਨਾ ਅਧਿਕਾਰੀ ਦਫਤਰ ਪੇਂਡੂ ਵਿਕਾਸ ਵਿਭਾਗ,(ਦਫ਼ਤਰ ਸੰਯੁਕਤ ਵਿਕਾਸ ਕਮਿਸ਼ਨਰ, ਪੰਜਾਬ), ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੈਨੇਜਰ ਦੀ ਆਸਾਮੀ ( ਐਚ.ਆਰ. ਅਤੇ ਪ੍ਰਕਿਓਰਮੈਂਟ) ਲਈ ਉਮੀਦਵਾਰਾਂ ਦੀ ਚੋਣ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰਵਿੰਦਰਪਾਲ ਸਿੰਘ, ਨੋਡਲ ਅਫਸਰ ਨੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 07-02-2019 ਅਤੇ 16-08-2019 ਨੂੰ ਦੋ ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਸੂਚਨਾ ਲੇਟ ਭੇਜਣ ਦਾ ਕਾਰਨ ਉਨ੍ਹਾਂ ਨੇ ਦਫ਼ਤਰ ਦੀ ਸ਼ਿਫਟਿਗ ਦੱਸਿਆ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1196, ਮਿਤੀ 21-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।

3. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਵਿੰਦਰ ਸਿੰਘ, (8847492722)
ਪੁੱਤਰ ਸ਼੍ਰੀ ਕਰਨੈਲ ਸਿੰਘ,
ਵਾਸੀ ਪਿੰਡ ਕਰਮ ਪੱਟੀ, ਤਹਿਸੀਲ ਮਲੋਟ,
ਜ਼ਿਲਾ ਸ੍ਰੀ ਮੁਕਤਸਰ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ,
ਸੈਕਟਰ-62, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਸਕੱਤਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 2043 /2019**

**ਹਾਜ਼ਰ:-**

1) ਸ਼੍ਰੀ ਰਾਜਵਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-12-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ ਮਿਤੀ 16-08-2018 ਰਾਹੀਂ ਲੇਡੀ ਸਰਪੰਚ ਸ਼੍ਰੀਮਤੀ ਬਲਜੀਤ ਕੌਰ ਅਤੇ ਉਸ ਦੇ ਪਤੀ ਸ਼੍ਰੀ ਜਗਦੀਪ ਸਿੰਘ ਵਿਰੁੱਧ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ, ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਨੋਡਲ ਅਫਸਰ (ਆਰੀ.ਟੀ.ਆਈ.) ਵੱਲੋਂ ਆਪਣੇ ਪੱਤਰ ਮਿਤੀ 07-08-2019 ਰਾਹੀਂ ਲੋਕ ਸੂਚਨਾ ਅਧਿਕਾਰੀ-ਕਮ-ਕਾਨੂੰਨ ਅਫਸਰ (ਏ), ਇੰਚਾਰਜ ਸ਼ਿਕਾਇਤ ਸ਼ਾਖਾ, ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਅਤੇ ਅੱਜ ਪੇਸ਼ੀ ਤੇ ਹਾਜ਼ਰ ਹੋਣ ਲਈ ਦਿੱਤੀਆਂ ਗਈਆਂ ਹਦਾਇਤਾਂ ਦੇ ਬਾਵਜੂਦ ਵੀ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ, ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਾਰਤ ਭੂਸ਼ਨ ਸ਼ਰਮਾ, (98032-44555)
ਪੁੱਤਰ ਲੇਟ ਸ਼੍ਰੀ ਸੋਹਣ ਲਾਲ ਸ਼ਰਮਾ,
ਮਕਾਨ ਨੰ:435, ਸੈਕਟਰ -27,
ਪੰਚਕੂਲਾ-134116। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਰੂਪਨਗਰ। --------ਉੱਤਰਦਾਤਾ

**ਅਪੀਲ ਕੇਸ ਨੰ:2066 /2019**

**ਹਾਜ਼ਰ:-**

1) ਸ਼੍ਰੀ ਭਾਰਤ ਭੂਸ਼ਨ ਸ਼ਰਮਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਮਿੰਦਰ ਸਿੰਘ, ਏ.ਐਸ.ਆਈ. (97793-58158) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਗੁਰਵਿੰਦਰ ਸਿੰਘ, ਸੀਨੀਅਰ ਸਹਾਇਕ (98556-73606)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-02-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2012 ਦੌਰਾਨ ਐਸ.ਪੀ. ਸਿਟੀ ਰਾਹੀਂ ਕੀਤੀਆਂ ਗਈਆਂ ਪੜਤਾਲਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ, ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਮਿੰਦਰ ਸਿੰਘ, ਏ.ਐਸ.ਆਈ. ਨੇ ਜਵਾਬ ਪੇਸ਼ ਕੀਤਾ ਹੈ ਜੋ ਕਿ ਸਹੀ ਨਹੀਂ ਹੈ। ਵਿਸਥਾਰ-ਪੂਰਵਕ ਜਵਾਬ ਦੇਣ ਬਾਰੇ ਹਾਜ਼ਰ ਉੱਤਰਦਾਤਾ ਨੰ ਸਮਝਾ ਦਿੱਤਾ ਗਿਆ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਤੇ ਸਮੇਂ-ਸਮੇਂ ਤੇ ਕੀਤੀ ਗਈ ਕਾਰਵਾਈ ਬਾਰੇ ਵਿਸਥਾਰ-ਪੂਰਵਕ ਮਿਤੀ-ਵਾਰ ਜਵਾਬ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤਰਲੋਚਨ ਸਿੰਘ, (95305-29994)
ਪੁੱਤਰ ਸ਼੍ਰੀ ਹਰੀ ਸਿੰਘ,
ਪਿੰਡ ਤੂੰਗਾ ਡਾਕਖਾਨਾ ਕੁਲਾਰ ਖੁਰਦ,
ਤਹਿਸੀਲ ਤੇ ਜ਼ਿਲ੍ਹਾ, ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ: 2068/2019**

**ਹਾਜ਼ਰ:-**

1) ਸ਼੍ਰੀ ਤਰਲੋਚਨ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਬੀਰ ਸਿੰਘ, ਪੰਚਾਇਤ ਸਕੱਤਰ (62835-43230)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2016 ਤੋਂ ਲੈ ਕੇ 31-12-2018 ਤੱਕ ਪਿੰਡ ਤੂੰਗਾ ਦੀ ਪੰਚਾਇਤ ਨੂੰ ਮਿਲੀਆਂ ਗਰਾਂਟਾਂ ਅਤੇ ਉਨ੍ਹਾਂ ਦੀ ਵਰਤੋਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ, ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਬੀਰ ਸਿੰਘ, ਪੰਚਾਇਤ ਸਕੱਤਰ, ਨੇ ਸੂਚਨਾ ਪੇਸ਼ ਕੀਤੀ ਹੈ ਪਰੰਤੂ ਉਸ ਤੇ ਕੋਈ ਕਵਰਿੰਗ ਪੱਤਰ ਨਹੀਂ ਲਗਾਇਆ ਗਿਆ ਜਿਸ ਤੋਂ ਇਹ ਪਤਾ ਚੱਲ ਸਕੇ ਕਿ ਇਹ ਸੂਚਨਾ ਕਿਸ ਨੂੰ ਦਿੱਤੀ ਜਾਣੀ ਹੈ। ਇਸ ਲਈ ਵਿਸਥਾਰ-ਪੂਰਵਕ ਸੂਚਨਾ ਕਵਰਿੰਗ ਪੱਤਰ ਸਹਿਤ ਦੇਣ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਵਿਸਥਾਰ-ਪੂਰਵਕ, ਨੁਕਤਾ-ਵਾਰ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਮੋਦ ਕੁਮਾਰ,
ਮਕਾਨ ਨੰ:2650 ਵਾਰਡ ਨੰ:12
ਸਾਹਮਣੇ ਦਸਹਿਰਾ ਗਰਾਊਂਡ,
ਖਰੜ-140301. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ ਪੁਲਿਸ,
ਰੋਪੜ ਰੇਂਜ ਰੋਪੜ। --------ਉੱਤਰਦਾਤਾ

**ਅਪੀਲ ਕੇਸ ਨੰ: 2070 /2019**

**ਹਾਜ਼ਰ:-**

1) ਸ਼੍ਰੀ ਪ੍ਰਮੋਦ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਮਿੰਦਰ ਸਿੰਘ, ਏ.ਐਸ.ਆਈ. ਖਰੜ (97793-58158) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਗੁਰਵਿੰਦਰ ਸਿੰਘ, ਸੀਨੀਅਰ ਸਹਾਇਕ (98556-73606)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-02-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਾਜ ਸੂਚਨਾ ਕਮਿਸ਼ਨਰ, ਪੰਜਾਬ ਵੱਲੋਂ ਸ਼੍ਰੀ ਜਤਿੰਦਰ ਪਾਲ ਸਿੰਘ, ਸਹਾਇਕ ਲੇਬਰ ਕਮਿਸ਼ਨਰ, ਐਸ.ਏ.ਐਸ. ਨਗਰ (ਮੁਹਾਲੀ) ਵਿਰੁੱਧ ਮਿਤੀ 10-12-2018 ਨੂੰ ਜਾਰੀ ਕੀਤੇ ਗਏ ਜ਼ਮਾਨਤ-ਯੋਗ ਵਾਰੰਟ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ, ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਹਰਮਿੰਦਰ ਸਿੰਘ, ਏ.ਐਸ.ਆਈ. ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਉਨ੍ਹਾਂ ਦੇ ਦਫਤਰ ਨਾਲ ਕੋਈ ਸਬੰਧ ਨਹੀਂ ਹੈ ਜਿਸ ਕਰਕੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ।

4. ਹਾਜ਼ਰ ਉੱਤਰਦਾਤਾ ਦੇ ਜਵਾਬ ਨੂੰ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਸਨਮੁੱਖ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਤਿਨ ਸੱਗੜ,
ਪੁੱਤਰ ਸ਼੍ਰੀ ਪ੍ਰੇਮ ਕੁਮਾਰ ਸੱਗੜ,
ਟਰੱਸਟ ਮੈਬਰ ਅਤੇ ਟਰੱਯਰ,
ਗੋਬਿੰਦਗੜ੍ਹ ਐਜੂਮਕੇਸ਼ਨਲ ਅਤੇ ਸਮਾਜ ਭਲਾਈ ਟਰੱਸਟ।
ਗੋਬਿੰਦਗੜ ਪਬਲਿਕ ਸਕੂਲ, ਮੰਡੀ ਗੋਬਿੰਦਗੜ੍ਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਅਫਸਰ,
ਗਰਾਮ ਪੰਚਾਇਤ ਜੱਸੜਾਂ, ਬਲਾਕ ਅਮਲੋਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ, ਮਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 2085/2019**

**ਹਾਜ਼ਰ:-**

1) ਸ਼੍ਰੀ ਨਿਤਿਨ ਸੱਗੜ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਖੁਸ਼ਵਿੰਦਰ ਸਿੰਘ, ਪੰਚਾਇਤ ਸਕੱਤਰ (88724-00421) ਅਤੇ ਸ਼੍ਰੀ ਬਲਕਾਰ ਸਿੰਘ, ਸੁਪਰਡੰਟ (9815020040)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-01-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਅਫਸਰ, ਗਰਾਮ ਪੰਚਾਇਤ ਜੱਸੜਾਂ, ਬਲਾਕ ਅਮਲੋਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਜੱਸੜਾਂ, ਦੀ ਸ਼ਾਮਲਾਟ ਜ਼ਮੀਨ (ਸਾਂਝੀ) ਨੂੰ ਲੀਜ਼ ਤੇ ਦੇਣ ਅਤੇ ਲੀਜਿੰਗ ਤੋਂ ਪ੍ਰਾਪਤ ਹੋਣ ਵਾਲੀ ਆਮਦਨੀ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ, ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਖੁਸ਼ਵਿੰਦਰ ਸਿੰਘ, ਪੰਚਾਇਤ ਸਕੱਤਰ ਨੇ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਸੂਚਨਾ ਵਾਚਣ ਉਪਰੰਤ ਕਿਹਾ ਉਹ ਨੁਕਤਾ ਨੰ:1 ਅਤੇ 2 ਸਬੰਧੀ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ ਪਰੰਤੂ ਨੁਕਤਾ ਨੰ:3 ਦੀ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਨੁਕਤਾ ਨੰ:3 ਦੀ ਸੂਚਨਾ ਨੂੰ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਸਨਮੁੱਖ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਆਸ਼ੂ ਮਿਤੱਲ, ਐਡਵੋਕੇਟ,
ਪੁੱਤਰ ਸ਼੍ਰੀ ਖਜ਼ਾਨਚੀ ਲਾਲ,
ਮਾਰਫਤ ਚੈਂਬਰ ਨੰ: 8 (ਪੁਰਾਣਾ),
ਜ਼ਿਲ੍ਹਾ ਅਦਾਲਤਾਂ, ਫਰੀਦਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ ਮੈਡੀਕਲ ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:354/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਦੀਪ ਕੁਮਾਰ, ਕਲਰਕ (94178-70357)।

**ਹਕਮ:**

ਪਿਛਲੀ ਪੇਸ਼ੀ, ਮਿਤੀ 29-07-2019 ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਜਗਤਾਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸਅਗਲੀ ਸੁਣਵਾਈ ਲਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਕੁਲਦੀਪ ਕੁਮਾਰ, ਕਲਰਕ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਪੀ.ਐਨ.ਆਰ.ਸੀ/ 2019/180, ਮਿਤੀ 06-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਵਿੰਦਰ ਸਿੰਘ, (90418-00247)
ਪੁੱਤਰ ਸ਼੍ਰੀ ਸੋਹਣ ਸਿੰਘ,
ਪਿੰਡ ਲੋਹਟ, ਡਾਕਖਾਨਾ ਬਲਾਚੌਰ,
ਜ਼ਿਲ੍ਹਾ ਐੱਸ.ਬੀ.ਐੱਸ.ਨਗਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਐੱਸ.ਜੀ.ਐੱਚ.ਆਰ.ਐੱਸ .ਕਾਲਿਜ ਫਾਰ ਵੂਮੈੱਨ, ਚੱਬੇਵਾਲ,
ਜ਼ਿਲ੍ਹਾ ਹੁਸ਼ਿਆਰਪੁਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:360/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ (90414-88229)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 05-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਆਪਣਾ ਵਿਸਥਾਰ-ਪੂਰਵਕ ਜਵਾਬ, ਮਿਤੀ 05-08-2018 ਪੇਸ਼ ਕੀਤਾ ਸੀ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਸ਼ਿਕਾਇਤਕਰਤਾ, ਹਾਜ਼ਰ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਇਆ ਸੀ। ਇਸ ਲਈ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਿਤਿਨ ਵਰਮਾ, ਐਡਵੋਕੇਟ ਨੇ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲੱਖਾ ਸਿੰਘ ਆਜਾਦ, (ਮੋਬ 94635-70178)
ਪੁੱਤਰ ਸ਼੍ਰੀ ਮੰਗਲ ਸਿੰਘ,
ਪਿੰਡ ਤੇ ਡਾਕਖਾਨਾ ਰਈਆ ਖੁਰਦ,
ਵਾਰਡ ਨੰ:3, ਤਹਿਸੀਲ ਬਾਬਾ ਬਕਾਲਾ ਸਾਹਿਬ।
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ,ਪੁਲਿਸ,
ਅੰਮ੍ਰਿਤਸਰ (ਦਿਹਾਤੀ) ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ -ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬੋਡਰ ਜ਼ੋਨ, ਅੰਮ੍ਰਿਤਸਰ। --------ਉੱਤਰਦਾਤਾ

**ਅਪੀਲ ਕੇਸ ਨੰ:1008/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. (97000-16624)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ,ਪੁਲਿਸ, ਅੰਮ੍ਰਿਤਸਰ (ਦਿਹਾਤੀ) ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੁਲਿਸ ਥਾਣਾ ਬਿਆਸ ਵਿੱਚ ਸੀ.ਪੀ.ਆਰ.ਸੀ. ਸੈਲ ਵੱਲੋਂ ਪਾਸਪੋਰਟ ਇੰਨਕੁਆਰੀ ਬਾਰੇ ਗੀਤੀ ਜਾਣ ਵਾਲੀ ਕਾਰਵਾਈ ਅਤੇ ਵੱਖ-ਵੱਖ ਵਿਅਕਤੀਆਂ ਵਲੋਂ ਵੱਖ-ਵੱਖ ਮਿਤੀਆਂ ਤੇ ਟਰੈਵਲ ਏਜੰਟਾਂ ਨੂੰ ਕੀਤੀਆਂ ਗਈਆਂ ਸ਼ਿਕਾਇਤਾਂ ਆਦਿ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 06-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 06-08-2019 ਰਾਹੀਂ ਭੇਜੇ ਗਏ ਆਪਣੇ ਪੱਤਰ, ਮਿਤੀ 08-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਪੱਤਰ ਨੰ:40050/ ਆਰ.ਟੀ.ਆਈ., ਮਿਤੀ 05-08-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਰਾਹੀਂ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਮੁਕੰਮਲ ਸੂਚਨਾ ਪੇਸ਼ ਕੀਤੀ ਸੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਹ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਵੀ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ

ਪਰਤੋ ਜੀਂ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1008/2019

ਵਿੱਚ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ।ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 21-08-2019 ਰਾਹੀਂ ਭੇਜੇ ਗਏ ਆਪਣੇ ਪੱਤਰ, ਮਿਤੀ 21-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਪੱਤਰ ਮਿਤੀ 05-08-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਰਜਿਸਟਰਡ ਡਾਕ ਰਾਹੀਂ ਮਿਤੀ 19-08-2019 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਸ ਵੱਲੋਂ ਇਸ ਦੇ ਸਬੂਤ ਵਜੋਂ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 21 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਜੇ ਸ਼ਰਮਾ,
ਪੁੱਤਰ ਸ਼੍ਰੀ ਮੰਗਤ ਰਾਮ ਸ਼ਰਮਾ,
ਮਕਾਨ ਨੰ: ਬੀ-33/2184,
ਭਗਵਾਨ ਦਾਸ ਕਲੌਨੀ, ਸਲੇਮ ਟਾਬਰੀ ,
ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਕਮਿਸ਼ਨਰ ਪੁਲਿਸ, ਟਰੈਫਿਕ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 1766/2019**

**ਹਾਜ਼ਰ:-**

1) ਸ਼੍ਰੀ ਅਜੇ ਸ਼ਰਮਾ, ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਾਬੂ ਸਿੰਘ, ਐਸ.ਆਈ. (98724-49637) ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2019, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਕਮਿਸ਼ਨਰ ਪੁਲਿਸ, ਟਰੈਫਿਕ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੈਫਿਕ ਪੁਲਿਸ ਵਿਭਾਗ ਕੋਲੋ ਮੌਜੂਦ ਪ੍ਰਾਈਵੇਟ ਅਤੇ ਸਰਕਾਰੀ ਟੋਇੰਗ ਵਹੀਕਲਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 06-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 06-8-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਦੀ ਬੇਨਤੀ ਕੀਤੀ ਗਈ ਸੀ। ਹਾਜ਼ਰ ਉੱਤਰਦਾਤਾ, ਸ਼੍ਰੀ ਉਂਕਾਰ ਸਿੰਘ, ਏ.ਐਸ.ਆਈ. (ਟ੍ਰੈਫਿਕ) ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਉਹ ਜਵਾਬ ਸਹੀ ਨਹੀਂ ਸੀ ਕਿਉਂਕਿ ਉਹ ਜਵਾਬ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ ਦੇ ਅਨੁਕੂਲ ਨਹੀਂ ਸੀ।ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਹੀ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸਬੰਧੀ ਨੁਕਤਾਵਾਰ ਜਵਾਬ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਹਾਜ਼ਰ, ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1766/2019

ਬਾਬੂ ਸਿੰਘ, ਐਸ.ਆਈ. ਨੇ ਪੱਤਰ ਨੰ:411-5ਏ/ਏ.ਸੀ/ਟੀ, ਮਿਤੀ 20-08-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਸੂਚਨਾ ਦੀ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

4. ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਸਨਮੁੱਖ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 21 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਨੁਰਾਗ ਗੁਪਤਾ, (79867-99578)
ਪੁੱਤਰ ਲੇਟ ਸ਼੍ਰੀ ਪ੍ਰੇਮ ਸਾਗਰ,
ਛੜਿਆਂ ਮੁਹੱਲਾ (Charrian Mohala) ,
ਰਾਜਾ ਰਾਮ ਗਲੀ ਸੁਨਾਮ ਜਿਲਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਸੁਨਾਮ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਮਿੰਨੀ ਸਕੱਤਰੇਤ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:1942/ 2019**

**ਹਾਜ਼ਰ:-** 1) ਸ਼੍ਰੀ ਅਨੁਰਾਗ ਗੁਪਤਾ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-01-2019, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਸੁਨਾਮ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਊਂਸਪੈਲਿਟੀ ਸੁਨਾਮ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-03-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 14-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 14-08-2019 ਰਾਹੀਂ ਭੇਜੇ ਗਏ ਪੱਤਰ ਨੰ:1103, ਮਿਤੀ 14-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਅਨੁਸਾਰ, ਆਰ.ਟੀ. ਆਈ. ਐਕਟ, 2005 ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਉਸ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ ਜਿਸ ਕਾਰਨ ਉਸ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1942/ 2019

ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 28-01-2019 ਸਬੰਧੀ ਲਗਭੱਗ 07 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਉਸ ਨੂੰ ਸੂਚਨਾ ਨਹੀਂ ਭੇਜੀ ਗਈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਸੰਜੈ ਬਾਂਸਲ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਨਗਰ ਕੌਂਸਿਲ, ਸੁਨਾਮ, ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ** 16 -09-2019 **ਨੂੰ ਸਵੇਰੇ** 11:30 **ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 21 **ਅਗਸਤ,** 2019.